# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 11-06-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਨਿਯਮਿਤ ਤੌਰ 'ਤੇ ਯੋਗ ਕਰਨ ਦਾ ਸੱਦਾ ਦਿੱਤਾ।
- ਨਵੇਂ ਬਣੇ ਕੇਂਦਰੀ ਮੰਤਰੀ ਮੰਡਲ ਦੇ ਕਈ ਕੇਂਦਰੀ ਮੰਤਰੀਆਂ ਨੇ ਅੱਜ ਆਪਣਾ ਅਹੁਦਾ ਸੰਭਾਲਿਆ।
- ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਵੱਖ ਵੱਖ ਜ਼ਿਲ੍ਹਾ ਪ੍ਰਸ਼ਾਸਨਾਂ ਵੱਲੋਂ ਮਾਨਸੂਨ ਦੌਰਾਨ, ਸੰਭਾਵੀ ਹੜ੍ਹਾਂ ਦੇ ਖ਼ਤਰੇ ਤੋਂ ਬਚਣ ਲਈ ਤਿਆਰੀਆਂ ਸ਼ੁਰੂ।
- ਪੰਜਾਬ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨੂੰ 8 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ, ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈੱਟਵਰਕ ਦਾ ਪਰਦਾਫਾਸ਼ ਕੀਤਾ।

----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਨਿਯਮਿਤ ਤੌਰ 'ਤੇ ਯੋਗਾ ਕਰਨ ਦਾ ਸੱਦਾ ਦਿੱਤਾ ਏ। ਉਨ੍ਹਾਂ ਨੇ ਅੱਜ ਐਕਸ ਹੈਂਡਲ ਪੋਸਟ 'ਤੇ ਯੋਗ ਦੀ ਮਹੱਤਤਾ ਬਾਰੇ ਚਰਚਾ ਕੀਤੀ ਏ। ਜ਼ਿਕਰਯੋਗ ਏ ਕਿ ਕੌਮਾਂਤਰੀ ਯੋਗ ਦਿਵਸ 21 ਜੂਨ ਨੂੰ ਮਨਾਇਆ ਜਾਂਦਾ ਏ ਅਤੇ ਪ੍ਰਧਾਨ ਮੰਤਰੀ ਮੋਦੀ ਕੌਮਾਂਤਰੀ ਯੋਗ ਦਿਵਸ ਦੇ ਮੋਢੀ ਨੇ। ਸ੍ਰੀ ਮੋਦੀ ਨੇ ਆਪਣੀ ਪੋਸਟ ਵਿਚ ਲਿਖਿਆ ਏ, ਜਿਵੇਂ-ਜਿਵੇਂ ਯੋਗ ਦਿਵਸ ਨੇੜੇ ਆ ਰਿਹਾ ਏ , ਉਹ ਵੀਡੀਓ ਦਾ ਇੱਕ ਸੈੱਟ ਸਾਂਝਾ ਕਰ ਰਹੇ ਨੇ, ਜੋ ਵੱਖ-ਵੱਖ ਆਸਣਾਂ ਅਤੇ ਉਨ੍ਹਾਂ ਦੇ ਫਾਇਦਿਆਂ ਬਾਰੇ ਮਾਰਗ-ਦਰਸ਼ਨ ਪ੍ਰਦਾਨ ਕਰੇਗਾ, ਅਤੇ ਉਨ੍ਹਾਂ ਨੂੰ ਉਮੀਦ ਏ ਕਿ ਇਹ ਸਾਰਿਆਂ ਨੂੰ ਨਿਯਮਿਤ ਤੌਰ 'ਤੇ ਯੋਗਾ ਕਰਨ ਲਈ ਪ੍ਰੇਰਿਤ ਵੀ ਕਰੇਗਾ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਯੋਗ ਨੂੰ ਆਪਣੇ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਣਾ ਅਤੇ ਦੂਜਿਆਂ ਨੂੰ ਵੀ, ਇਸਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਲਈ ਉਤਸ਼ਾਹਿਤ ਕਰਨਾ ਜ਼ਰੂਰੀ ਏ। ਯੋਗ ਸ਼ਾਂਤੀ ਦਾ

ਅਸਥਾਨ ਪ੍ਰਦਾਨ ਕਰਦਾ ਏ , ਜੋ ਸਾਨੂੰ ਸ਼ਾਂਤੀ ਅਤੇ ਧੀਰਜ ਨਾਲ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਯੋਗ ਬਣਾਉਂਦਾ ਏ ।

---------------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲਾ, ਯੋਗ ਅਭਿਆਸ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕਰ ਰਿਹਾ ਏ । ਸੰਯੁਕਤ ਰਾਸ਼ਟਰ ਵਲੋਂ 2014 ਵਿੱਚ ਅਪਣਾਏ ਜਾਣ ਤੋਂ ਬਾਅਦ ਹਰ ਸਾਲ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਵਿਸ਼ਵ ਭਰ ਵਿੱਚ ਪੂਰੇ ਜੋਸ਼ ਨਾਲ ਮਨਾਇਆ ਜਾਂਦਾ ਏ । ਕੌਮਾਂਤਰੀ ਯੋਗ ਦਿਵਸ 2023 ਵਿੱਚ 23 ਕਰੋੜ ਤੋਂ ਵੱਧ ਲੋਕਾਂ ਨੇ ਹਿੱਸਾ ਲਿਆ ਸੀ । ਇਸ ਵਾਰ ਵੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਮੋਹਾਲੀ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ, ਸਾਨੂ ਸਾਰਿਆਂ ਨੂੰ, ਨਿਰੋਗ ਰਹਿਣ ਲਈ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਏ।

---------------------------------------------------------------

ਨਵੇਂ ਬਣੇ ਕੇਂਦਰੀ ਮੰਤਰੀ ਮੰਡਲ ਦੇ ਕਈ ਕੇਂਦਰੀ ਮੰਤਰੀਆਂ ਨੇ ਅੱਜ

ਆਪਣਾ ਅਹੁਦਾ ਸੰਭਾਲ ਲਿਆ। ਗ੍ਰਹਿ ਮੰਤਰੀ ਅਮਿਤ ਸ਼ਾਹ, ਵਿਦੇਸ਼ ਮੰਤਰੀ ਡਾ: ਐਸ ਜੈਸ਼ੰਕਰ, ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅਤੇ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਅੱਜ ਅਹੁਦਾ ਸੰਭਾਲਣ ਵਾਲਿਆਂ ਵਿੱਚ ਪ੍ਰਮੁੱਖ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਮੰਤਰੀ ਮੰਡਲ ਦੇ ਸੀਨੀਅਰ ਮੈਂਬਰ ਅਸ਼ਵਨੀ ਵੈਸ਼ਨਵ ਨੇ ਨਵੀਂ ਦਿੱਲੀ ਵਿੱਚ ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰੀ ਵਜੋਂ ਅਹੁਦਾ ਸੰਭਾਲ ਲਿਆ ਏ। ਪ੍ਰਧਾਨ ਮੰਤਰੀ ਮੋਦੀ ਨੇ ਉਨ੍ਹਾਂ 'ਤੇ ਭਰੋਸਾ ਪ੍ਰਗਟਾਉਂਦੇ ਹੋਏ, ਰੇਲ ਮੰਤਰੀ ਦਾ ਅਹੁਦਾ ਬਰਕਰਾਰ ਰੱਖਿਆ ਏ। ਇਸ ਵਾਰ ਉਨ੍ਹਾਂ ਨੂੰ ਸੂਚਨਾ ਅਤੇ ਪ੍ਰਸਾਰਣ ਮੰਤਰੀ ਅਤੇ ਇਲੈਕਟ੍ਰੋਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਦੀ ਜ਼ਿੰਮੇਵਾਰੀ ਵੀ ਦਿੱਤੀ ਗਈ ਏ।

-------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਇਨਾਂ ਵਿੱਚ ਔਰਤਾਂ ਤੇ ਬੱਚਿਆਂ ਪ੍ਰਤੀ ਜੁਰਮਾਂ ‘ਤੇ ਖਾਸ ਨਜ਼ਰ ਰੱਖੀ ਗਈ ਏ।

ਜਿਣਸੀ ਜ਼ੁਰਮਾਂ ਨਾਲ ਨਜਿੱਠਣ ਲਈ, 'ਔਰਤਾਂ ਤੇ ਬੱਚਿਆਂ ਪ੍ਰਤੀ ਅਪਰਾਧ' ਨਾਂ ਦਾ ਇੱਕ ਨਵਾਂ ਅਧਿਆਇ ਸ਼ਾਮਿਲ ਕੀਤਾ ਗਿਆ ਏ। ਮਾਨਸਾ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ ਕਾਫੀ ਫਾਇਦੇਮੰਦ ਦੱਸਦੇ ਨੇ।

---------------------------------------------------------

ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਵੱਖੋ ਵੱਖ ਜ਼ਿਲ੍ਹਾ ਪ੍ਰਸ਼ਾਸਨਾਂ ਵੱਲੋਂ ਮਾਨਸੂਨ ਦੌਰਾਨ, ਸੰਭਾਵੀ ਹੜ੍ਹਾਂ ਦੇ ਖ਼ਤਰੇ ਤੋਂ ਬਚਣ ਲਈ ਤਿਆਰੀਆਂ ਸ਼ੁਰੂ। ਵੱਖ ਵੱਖ ਥਾਵਾਂ 'ਤੇ, ਹੜ੍ਹ ਰੋਕੂ ਪ੍ਰਬੰਧਾਂ ਤਹਿਤ ਕੀਤੇ ਜਾ ਰਹੇ ਕਾਰਜਾਂ  ਦਾ ਨਿਰੀਖਣ ਕੀਤਾ ਜਾ ਰਿਹਾ ਏ। ਗੁਰਦਾਸਪੁਰ ਦੇ  ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ  ਅੱਜ ਪਿੰਡ ਕੋਠੀ ਮਜੀਠੀ- ਬਹਿਰਾਮ-ਪੁਰ ਅਤੇ ਬਾਊਪੁਰ ਜੱਟਾਂ ਦਾ ਦੌਰਾ ਕਰਕੇ, ਓਥੇ ਸ਼ੱਕੀ ਨਾਲੇ ਅਤੇ ਨੋਮਣੀ ਨਾਲੇ ਵਿੱਚ ਹੜ੍ਹ ਰੋਕੂ ਪ੍ਰਬੰਧਾਂ ਤਹਿਤ ਕੀਤੇ ਜਾ ਰਹੇ ਕੰਮਾਂ ਦਾ ਨਿਰੀਖਣ ਕੀਤਾ । ਡਰੇਨਜ਼ ਵਿਭਾਗ ਵੱਲੋਂ ਹੜ੍ਹ ਰੋਕੂ ਪ੍ਰਬੰਧਾਂ ਤਹਿਤ ਸ਼ੱਕੀ ਨਾਲੇ ਦੀ ਕੀਤੀ ਜਾ ਰਹੀ ਸਫ਼ਾਈ ਦਾ ਜਾਇਜਾ ਲੈਣ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਨਸੂਨ ਤੋਂ ਪਹਿਲਾਂ-ਪਹਿਲਾਂ

ਇਸ ਕੰਮ ਨੂੰ ਹਰ ਹਾਲ ਵਿੱਚ ਮੁਕੰਮਲ ਕਰ ਲਿਆ ਜਾਵੇ। ਇਸ ਤੋਂ ਬਾਅਦ ਉਨ੍ਹਾਂ ਨੇ ਗਾਹ-ਲੜੀ ਹੈੱਡਵਰਕਸ ਤੇ ਬਾਊਪੁਰ ਜੱਟਾਂ ਵਿਖੇ ਨੌਮਣੀ ਨਾਲੇ ਦੀ ਖਲਾਈ ਦੇ ਕੰਮ ਦਾ ਜਾਇਜਾ ਵੀ ਲਿਆ। ਇਸ ਮੌਕੇ ਉਨ੍ਹਾਂ ਸਥਾਨਕ ਲੋਕਾਂ ਨਾਲ ਗੱਲ-ਬਾਤ ਕਰਕੇ ਬੀਤੇ ਸਮਿਆਂ ਵਿੱਚ ਹੜ੍ਹਾਂ ਦੀ ਮਾਰ ਬਾਰੇ ਜਾਣਕਾਰੀ ਵੀ ਹਾਸਲ ਕੀਤੀ। ਓਧਰ ਲੁਧਿਆਣਾ 'ਚ ਵੀ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਜ਼ਿਲ੍ਹੇ ਵਿੱਚ ਹੜ੍ਹ ਕੰਟਰੋਲ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਕੀਤੀ। ਡਿਪਟੀ ਕਮਿਸ਼ਨਰ ਨੇ ਕੰਮਾਂ ਦੀ ਪ੍ਰਗਤੀ ਦੀ ਰੋਜ਼ਾਨਾ ਨਿਗਰਾਨੀ ਅਤੇ ਵਿਸਥਾਰਿਤ ਰਿਪੋਰਟਾਂ ਜਮ੍ਹਾ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਕੰਮ ਨੂੰ ਸਮਾਂਬੱਧ ਮੁਕੰਮਲ ਕਰਨ ਦੀ ਅਪੀਲ ਕੀਤੀ। ਡਿਪਟੀ ਕਮਿਸ਼ਨਰ ਸਾਹਨੀ ਨੇ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਖੁਰਾਕ ਅਤੇ ਸਪਲਾਈ, ਸਿੰਚਾਈ, ਬਿਜਲੀ, ਡਰੇਨੇਜ, ਨਗਰ ਨਿਗਮ ਅਤੇ ਪੁਲਿਸ ਸਮੇਤ ਵੱਖ-ਵੱਖ ਵਿਭਾਗਾਂ ਦੁਆਰਾ ਕੀਤੇ ਗਏ ਪ੍ਰਬੰਧਾਂ ਦੀ ਸਮੀਖਿਆ ਕੀਤੀ। ਡਰੇਨੇਜ ਵਿਭਾਗ ਨੂੰ ਬੁੱਢੇ ਨਾਲੇ ਦੇ ਉਪਰਲੇ ਅਤੇ ਹੇਠਲੇ ਪਾਸੇ

ਦੇ ਨਾਲਿਆਂ ਸਮੇਤ ਸਾਰੀਆਂ ਡਰੇਨਾਂ ਦੀ ਸਫ਼ਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ। ਪਟਿਆਲਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਜ਼ਿਲ੍ਹੇ ਵਿਚੋਂ ਲੰਘਦੇ ਘੱਗਰ, ਟਾਂਗਰੀ ਤੇ ਮਾਰਕੰਡਾ ਦਰਿਆਵਾਂ ਸਮੇਤ ਪੱਚੀ ਦਰਾ, ਛੋਟੀ ਤੇ ਵੱਡੀ ਨਦੀ ਦਾ ਦੌਰਾ ਕਰਕੇ ਹੜ੍ਹ ਰੋਕੂ ਕੰਮਾਂ ਦਾ ਨਿਰੀਖਣ ਕੀਤਾ। ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਪਿਛਲੇ ਸਾਲ ਹੜ੍ਹਾਂ ਕਰਕੇ ਹੋਏ ਨੁਕਸਾਨ ਦੇ ਮੱਦੇਨਜ਼ਰ ਇਸ ਵਾਰ ਹੜ੍ਹਾਂ ਤੋਂ ਬਚਾਅ ਦੇ ਪ੍ਰਬੰਧ ਅਗੇਤੇ ਮੁਕੰਮਲ ਕੀਤੇ ਜਾ ਰਹੇ ਨੇ। ਉਨ੍ਹਾਂ  ਦੱਸਿਆ ਕਿ ਬਚਾਅ ਲਈ ਰਣਨੀਤਕ ਥਾਵਾਂ 'ਤੇ ਮਿੱਟੀ ਨਾਲ ਭਰੇ ਏ.ਸੀ. ਥੈਲਿਆਂ ਦਾ ਸਟਾਕ ਜਮ੍ਹਾਂ ਕਰਨ ਸਮੇਤ ਮਗਨਰੇਗਾ ਤੇ ਜਲ ਸਰੋਤ ਵਿਭਾਗ ਵੱਲੋਂ ਲੋੜੀਂਦੇ ਬਚਾਅ ਕਾਰਜ ਪਹਿਲਾਂ ਹੀ ਅਰੰਭੇ ਜਾ ਚੁੱਕੇ ਨੇ। ਉਧਰ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਪਾਂਚਾਲ ਨੇ ਦਸਿਆ ਕਿ ਇਸੇ ਸਿਲਸਿਲੇ ਵਿਚ ਜਿੱਲ੍ਹਾ ਪੱਧਰੀ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਏ ਜੋ 15 ਜੂਨ ਤੋਂ ਕਾਰਜਸ਼ੀਲ ਹੋਵੇਗਾ।

---------------------------------------------------------------

ਕੌਮੀ ਪ੍ਰੀਖਿਆ ਏਜੰਸੀ-NTA ਦੇ ਮਹਾਨਿਦੇਸ਼ਕ  ਸੁਬੋਧ ਕੁਮਾਰ ਸਿੰਘ ਨੇ

ਦੇਸ਼ ਭਰ ਦੇ ਮੈਡੀਕਲ ਦਾਖਲਾ ਪ੍ਰੀਖਿਆ-NEET ਦੇ ਉਮੀਦਵਾਰਾਂ ਨੂੰ ਭਰੋਸਾ ਦਿਵਾਇਆ ਏ ਕਿ 6 ਪ੍ਰੀਖਿਆ ਕੇਂਦਰਾਂ ਦੇ ਇਕ ਹਜ਼ਾਰ 563 ਉਮੀਦਵਾਰਾਂ ਦੇ ਨਤੀਜਿਆਂ ਦੀ ਮੁੜ ਪੂਰਕ ਅੰਕਾਂ ਦੀ ਸਮੀਖਿਆ ਕਾਰਨ, ਉਨ੍ਹਾਂ ਦੀ ਰੈਂਕਿੰਗ ਪ੍ਰਭਾਵਿਤ ਨਹੀਂ ਹੋਵੇਗੀ । ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਕੌਮੀ ਪ੍ਰੀਖਿਆ ਏਜੰਸੀ ਦੇ ਮਹਾਨਿਦੇਸ਼ਕ ਨੇ ਕਿਹਾ ਕਿ ਮਾਮਲੇ ਦੀ ਜਾਂਚ ਲਈ ਬਣਾਈ ਗਈ, ਚਾਰ ਮੈਂਬਰੀ ਉੱਚ ਪੱਧਰੀ ਕਮੇਟੀ ਇੱਕ ਹਫ਼ਤੇ ਵਿੱਚ ਆਪਣੀ ਰਿਪੋਰਟ ਦੇਵੇਗੀ ।

---------------------------------------------------------------

ਪੰਜਾਬ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨੂੰ 8 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ, ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ । ਇਹ ਜਾਣਕਾਰੀ ਅੱਜ ਚੰਡੀਗੜ੍ਹ ਵਿਖੇ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਿੱਤੀ। ਉਨ੍ਹਾਂ ਦਸਿਆ ਕਿ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਝੰਜੋਟੀ ਵਾਸੀ ਗੁਰਸਾਹਿਬ ਸਿੰਘ, ਪਿੰਡ ਭਕਨਾ ਕਲਾਂ ਦੇ ਸਾਜਨ

ਸਿੰਘ, ਅਤੇ ਕੋਟ ਖਾਲਸਾ ਦੇ ਸਤਨਾਮ ਸਿੰਘ ਵਜੋਂ ਹੋਈ ਏ। ਹੈਰੋਇਨ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ 'ਚੋਂ 30 ਬੋਰ ਦਾ ਇੱਕ ਪਿਸਤੌਲ .30 ਬੋਰ ਦੇ 26 ਜਿੰਦਾ ਕਾਰਤੂਸ ਅਤੇ ਕਾਰ ਤੇ ਮੋਟਰ ਸਾਈਕਲ ਵੀ ਜ਼ਬਤ ਕੀਤਾ ਏ। ਗੌਰਵ ਯਾਦਵ ਨੇ ਦੱਸਿਆ ਕਿ ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੂੰ ਖੂਫੀਆ ਸੂਹ ਮਿਲੀ ਸੀ ਕਿ ਕੁਝ ਨਸ਼ਾ ਤਸਕਰਾਂ ਨੇ ਪਿੰਡ ਧਰਮਕੋਟ ਪੱਤਣ ਨੇੜੇ ਭਾਰਤ-ਪਾਕਿ ਸਰਹੱਦ ਤੋਂ ਡਰੋਨ ਰਾਹੀਂ ਸੁੱਟੀ ਗਈ ਹੈਰੋਇਨ ਦੀ ਵੱਡੀ ਖੇਪ ਪ੍ਰਾਪਤ ਕੀਤੀ ਏ ਅਤੇ ਇਹ ਖੇਪ ਅੱਗੇ ਨਸ਼ਾ ਸਪਲਾਇਰ ਸਤਨਾਮ ਸਿੰਘ ਨੂੰ ਅੰਮ੍ਰਿਤਸਰ ਵਿੱਚ ਖਾਲਸਾ ਕਾਲਜ ਦੇ ਸਾਹਮਣੇ ਕੋਟ ਖਾਲਸਾ ਨੇੜੇ ਪਹੁੰਚਾਉਣੀ ਏ। ਉਨ੍ਹਾਂ ਦੱਸਿਆ ਕਿ ਇਸ ਸੂਹ ‘ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇਨ੍ਹਾਂ ਨੂੰ ਕਾਬੂ ਕੀਤਾ। ਉਨ੍ਹਾਂ ਦੱਸਿਆ ਕਿ ਅਗਲੇਰੀ ਜਾਂਚ ਜਾਰੀ ਏ।

---------------------------------------------------

ਪਟਿਆਲਾ ਪੁਲਿਸ ਵੱਲੋਂ ਮੋਬਾਇਲ ਟਾਵਰਾਂ ਤੋਂ ਉਪਕਰਨ ਚੋਰੀ ਕਰਨ ਵਾਲੇ ਅੰਤਰ-ਰਾਜੀ ਗਿਰੋਹ ਦੇ 8 ਮੈਂਬਰਾਂ ਨੂੰ ਕਾਬੂ ਕੀਤਾ

ਏ। SSP ਵਰੁਣ ਸ਼ਰਮਾਂ ਨੇ ਦੱਸਿਆਂ ਕਿ ਮੋਬਾਇਲ ਟਾਵਰਾਂ ਤੋ ਸੈਂਸਟਿਵ ਟੈਕਨੀਕਲ ਉਪਕਰਨ ਚੋਰੀ ਹੋ ਰਹੇ ਸਨ, ਜਿਹਨਾ ਨੂੰ ਰੋਕਣ ਲਈ ਟੀਮ ਦਾ ਗਠਨ ਕੀਤਾ ਗਿਆ ਸੀ, ਜਿਸ ਦੇ ਤਹਿਤ ਹੀ ਸੀ.ਆਈ.ਏ. ਸਟਾਫ਼ ਪਟਿਆਲਾ ਨੇ ਮੋਬਾਇਲ ਟਾਵਰਾਂ ਦੇ ਉਪਕਰਨ ਚੋਰੀ ਦੀਆਂ 60 ਦੇ ਵਾਰਦਾਤਾਂ ਨੂੰ ਟਰੇਸ ਕਰਦੇ ਹੋਏ 8 ਵਿਅਕਤੀਆਂ ਨੂੰ ਅੰਡਰ ਬ੍ਰਿਜ ਪਿੰਡ ਕੌਲੀ ਤੋ ਗਿਫਤਾਰ ਕਰਕੇ, ਇੰਨ੍ਹਾ ਪਾਸੋਂ ਕਰੀਬ ਡੇਢ ਕਰੋੜ ਦੀ ਕੀਮਤ ਦੇ ਮੋਬਾਇਲ ਟਾਵਰਾਂ ਦੇ ਉਪਕਰਨ ਬਰਾਮਦ ਕਰਨ ਦੀ ਸਫਲਤਾ ਹਾਸਲ ਕੀਤੀ ਏ। ਉਨ੍ਹਾਂ ਦਸਿਆ ਕਿ ਇਸ ਗੈਂਗ ਦਾ ਮਾਸਟਰ ਮਾਈਂਡ ਸੁਭਾਸ ਕੁਮਾਰ ਏ ਜੋ ਕਿ ਪਹਿਲਾਂ ਮੋਬਾਇਲ ਟਾਵਰਾਂ ਦੀ ਦੇਖ ਰੇਖ ਕਰਨ ਵਾਲੀਆਂ ਕੰਪਨੀਆਂ ਵਿੱਚ ਕੰਮ ਕਰਦਾ ਰਿਹਾ ਏ।

-----------------------------------------------------------

ਜਲੰਧਰ ਦੇ ਮੁਹੱਲਾ ਕੋਟ ਰਾਮਦਾਸ ਵਿਖੇ ਅੱਜ ਏ. ਸੀ .ਵਿਚ ਧਮਾਕਾ ਹੋਣ ਕਾਰਣ ਅੱਗ ਲਗ ਗਈ। ਹਿੰਦੁਸਥਾਨ ਸਮਾਚਾਰ ਏਜੰਸੀ ਤੋਂ ਮਿਲੀ ਜਾਣਕਾਰੀ ਮੁਤਾਬਿਕ ਦੁਪਹਿਰ ਮੁਹੱਲਾ ਕੋਟ ਰਮਦਾਸ ਚ ਪੈਂਦੇ ਇਕ

ਘਰ ਦੇ ਏ.ਸੀ. ਧਮਾਕਾ ਹੋਇਆ ਅਤੇ ਭਿਆਨਕ ਅੱਗ ਲੱਗ ਗਈ, ਜਿਸ ਕਾਰਨ ਘਰ ਦਾ ਸਾਰਾ ਸਮਾਨ ਸੜ ਗਿਆ।

-----------------------------------------------------

ਪੰਜਾਬ ਵਿੱਚ ਜੇਠ ਮਹੀਨੇ ਦੇ ਆਖਰੀ ਦਿਨਾਂ 'ਚ ਇਕ ਵਾਰ ਫੇਰ ਤੋਂ, ਗਰਮੀ ਨੇ ਰੰਗ ਦਿਖਾਉਣੇ ਸ਼ੁਰੂ ਕਰ ਦਿੱਤੇ ਨੇ। ਸੂਬੇ ਵਿੱਚ ਦੋ ਦਿਨਾਂ ਤੋਂ ਲਗਾਤਾਰ ਗਰਮੀ ਦਾ ਕਹਿਰ ਜਾਰੀ ਏ, ਜਿਸ ਕਰ ਕੇ ਲੋਕਾਂ ਦਾ 'ਘਰੋਂ ਬਾਹਰ ਨਿਕਲਣਾ ਵੀ ਮੁਸ਼ਕਲ ਹੋਇਆ ਪਿਆ ਏ। ਪੰਜਾਬ ਵਿੱਚ ਅਗਲੇ ਤਿੰਨ-ਚਾਰ ਦਿਨਾਂ ਚ ਤਾਪਮਾਨ, 45 ਤੋਂ 46 ਡਿਗਰੀ ਸੈਲਸੀਅਸ ਤੱਕ ਪਹੁੰਚਣ ਦੀ ਸੰਭਾਵਨਾਏ। ਮੌਸਮ ਵਿਭਾਗ ਨੇ ਅਗਲੇ ਤਿੰਨ ਦਿਨ ਵਾਸਤੇ ਔਰੇਂਜ ਅਲਰਟ ਜਾਰੀ ਕੀਤਾ ਏ। ਸੂਬੇ ਵਿੱਚ ਬਿਜਲੀ ਦੀ ਮੰਗ ਵੀ ਵਧ ਕੇ 11 ਹਜ਼ਾਰ ਮੈਗਾਵਾਟ ਤੋਂ ਉਪਰ ਹੋ ਗਈ ਏ।

-----------------------------------------------------

**<u>ਅਖੀਰ ਵਿਚ ਖਾਸ ਖਬਰਾਂ ਇਕ ਵਾਰ ਫੇਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਨਿਯਮਿਤ ਤੌਰ 'ਤੇ ਯੋਗ ਕਰਨ ਦਾ ਸੱਦਾ ਦਿੱਤਾ।
- ਨਵੇਂ ਬਣੇ ਕੇਂਦਰੀ ਮੰਤਰੀ ਮੰਡਲ ਦੇ ਕਈ ਕੇਂਦਰੀ ਮੰਤਰੀਆਂ ਨੇ ਅੱਜ ਆਪਣਾ ਅਹੁਦਾ ਸੰਭਾਲਿਆ।
- ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਵੱਖ ਵੱਖ ਜ਼ਿਲ੍ਹਾ ਪ੍ਰਸ਼ਾਸਨਾਂ ਵੱਲੋਂ ਮਾਨਸੂਨ ਦੌਰਾਨ, ਸੰਭਾਵੀ ਹੜ੍ਹਾਂ ਦੇ ਖ਼ਤਰੇ ਤੋਂ ਬਚਣ ਲਈ ਤਿਆਰੀਆਂ ਸ਼ੁਰੂ।
- ਪੰਜਾਬ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨੂੰ 8 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ, ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ।